ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## ਸਰਕਾਰ ਦੁਆਰਾ ਚਲਾਈਆਂ ਜਾ ਰਹੀਆਂ ਯੋਜਨਾਵਾਂ ਦਾ ਕਿਸਾਨ ਲੈਣ ਲਾਹਾ-ਵਧੀਕ ਡਿਪਟੀ ਕਮਿਸ਼ਨਰ

ਵਾਤਾਵਰਣ ਦੀ ਸੁੱਧਤਾ ਨੂੰ ਕਾਇਮ ਰੱਖਣ ਲਈ ਪਰਾਲੀ ਨੂੰ ਅੱਗ ਲਗਾਉਣ ਤੋਂ ਕੀਤਾ ਜਾਵੇ ਪਰਹੇਜ

ਖੇਤੀ ਵਿਗਿਆਨੀਆਂ ਨੇ ਕਿਸਾਨਾਂ ਨੂੰ ਪਰਾਲੀ ਦੀ ਯੋਗ ਵਰਤੋਂ ਕਰਨ ਸਬੰਧੀ ਦਿੱਤੀ ਜਾਣਕਾਰੀ

ਕੇਂਦਰੀ ਸੂਚਨਾ ਅਤੇ ਪ੍ਰਸਾਰਣ ਮੰਤਰਾਲਾ ਵੱਲੋਂ ਆਵਾ 'ਚ ਕਰਵਾਇਆ ਸੈਮੀਨਾਰ ਦਾ ਆਯੋਜਨ

ਸੈਮੀਨਾਰ ਦੌਰਾਨ ਕਿਸਾਨਾਂ ਨੂੰ ਸਕੀਮਾਂ ਤੇ ਯੋਜਨਾਵਾਂ ਬਾਰੇ ਕੀਤਾ ਜਾਗਰੂਕ

ਫਾਜ਼ਿਲਕਾ 17 ਨਵੰਬਰ

ਕੇਂਦਰੀ ਸੂਚਨਾ ਅਤੇ ਪ੍ਰਸਾਰਣ ਮੰਤਰਾਲਾ ਵੱਲੋਂ ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਦੀ ਅਗਵਾਈ ਹੇਠ ਕਿਸਾਨਾਂ ਦੀ ਭਲਾਈ ਹਿੱਤ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾ ਤੇ ਯੋਜਨਾਵਾਂ ਸਬੰਧੀ ਕਿਸਾਨਾਂ ਨੂੰ ਜਾਗਰੂਕ ਕਰਨ ਸਬੰਧੀ ਜ਼ਿਲ੍ਹੇ ਦੇ ਪਿੰਡ ਆਵਾ ਵਿਖੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਸੈਮੀਨਾਰ 'ਚ ਮੁੱਖ ਮਹਿਮਾਨ ਵੱਜੋਂ ਪਹੁੰਚੇ ਵਧੀਕ ਡਿਪਟੀ ਕਮਿਸ਼ਨਰ(ਜਨਰਲ) ਸ੍ਰੀ ਬਲਬੀਰ ਰਾਜ ਸਿੰਘ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਰਕਾਰ ਦੁਆਰਾ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਅਤੇ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਹਾ ਲਿਆ ਜਾਵੇ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਘੱਟੋ-ਘੱਟ ਆਪਣੇ ਪਰਿਵਾਰ, ਆਂਢ-ਗੁਆਂਢ ਅਤੇ ਆਪਣੇ ਭਵਿੱਖ ਦੀ ਸਲਾਮਤੀ ਨੂੰ ਬਰਕਰਾਰ ਰੱਖਣ ਲਈ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ। ਉਨ੍ਹਾਂ ਕਿਸਾਨਾਂ ਨੂੰ ਪਰਾਲੀ ਨੂੰ ਯੋਗ ਵਰਤੋਂ ਵਿੱਚ ਲਿਆਉਣ ਅਤੇ ਵਾਤਾਵਰਣ ਦੀ ਸੁੱਧਤਾ ਨੂੰ ਬਰਕਰਾਰ ਰੱਖਣ ਹਿਤ ਵੱਧ ਤੋਂ ਵੱਧ ਪੌਧੇ ਲਗਾਉਣ ਲਈ ਵੀ ਕਿਹਾ।

ਕੇਂਦਰੀ ਸੂਚਨਾ ਅਤੇ ਪ੍ਰਸਾਰਣ ਮੰਤਰਾਲਾ ਦੇ ਖੇਤਰੀ ਪ੍ਰਚਾਰ ਅਧਿਕਾਰੀ ਸ੍ਰੀ ਰਾਜੇਸ਼ ਬਾਲੀ ਨੇ ਕਿਹਾ ਕਿ ਚੰਗੀ ਸਿਹਤ ਅਤੇ ਆਉਣ ਵਾਲੀ ਪੀੜ੍ਹੀ ਨੂੰ ਪ੍ਰਦੂਸ਼ਨ ਕਾਰਨ ਹੋਣ ਵਾਲੀਆਂ ਭਿਆਨਕ ਬਿਮਾਰੀਆਂ ਤੋਂ ਬਚਾਉਣ ਲਈ ਪਰਾਲੀ ਤੇ ਰਹਿੰਦ-ਖੂਹੰਦ ਨੂੰ ਅੱਗ ਲਗਾਉਣ ਤੋਂ ਪਰਹੇਜ ਕੀਤਾ ਜਾਵੇ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਪਰਾਲੀ ਨੂੰ ਸਾੜਨ ਦੀ ਬਜਾਏ ਉਸਦੀ ਖਾਦ ਬਣਾਉਣ ਤੇ ਪਸ਼ੂਆਂ ਲਈ ਚਾਰੇ ਦੇ ਰੂਪ ਵਿੱਚ ਵਰਤੋਂ ਕੇ ਇਸਦੀ ਖਪਤ ਕੀਤੀ ਜਾ ਸਕਦੀ ਹੈ।

ਮੰਤਰਾਲਾ ਦੇ ਤਕਨੀਕੀ ਸਹਾਇਕ ਸ੍ਰੀ ਕੁਵੀਸ਼ ਦੱਤ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਕਿਸਾਨਾਂ ਨੂੰ ਝੋਨੇ ਦਾ ਰਕਬਾ ਘਟਾ ਕੇ ਦੂਸਰੀਆਂ ਹੋਰ ਫਸਲਾਂ ਵੱਲ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਕਿਸਾਨਾਂ ਨੂੰ ਨਰਮੇ ਅਤੇ ਝੋਨੇ ਦੀ ਫਸਲ 'ਚੋਂ ਨਿਕਲ ਕੇ ਪਸ਼ੂ-ਪਾਲਣ,

ਮੱਛੀ ਪਾਲਣ ਆਦਿ ਹੋਰ ਸਹਾਇਕ ਧੰਦਿਆਂ ਨੂੰ ਅਪਣਾ ਕੇ ਆਪਣੀ ਆਮਦਨ ਵਿੱਚ ਵਾਧਾ ਕਰਨਾ ਚਾਹੀਦਾ ਹੈ।

ਖੇਤੀ ਵਿਕਾਸ ਅਫਸਰ ਸ੍ਰੀ. ਭੁਪਿੰਦਰ ਕੁਮਾਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਪਰਾਲੀ ਨੂੰ ਅੱਗ ਲਗਾਉਣ ਨਾਲ ਜਿਥੇ ਵਾਤਾਵਰਣ ਦੀ ਸੁੱਧਤਾ 'ਤੇ ਵੀ ਅਸਰ ਪੈਂਦਾ ਹੈ ਤੇ ਇਸ ਨਾਲ ਮਿੱਤਰ ਕੀੜਿਆਂ ਦਾ ਵੀ ਖਾਤਮਾ ਹੁੰਦਾ ਹੈ। ਉਨ੍ਹਾਂ ਕਿਸਾਨਾਂ ਨੂੰ ਅੰਧਾ-ਧੁੰਦ ਖਾਦਾਂ ਦੀ ਵਰਤੋਂ ਕਰਨ ਤੋਂ ਵੀ ਪਰਹੇਜ ਕਰਨਾ ਚਾਹੀਦਾ ਹੈ। ਇਸ ਦੌਰਾਨ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਲਈ ਚਲਾਈਆਂ ਜਾ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਗਈ।

ਇਸ ਸਮਾਗਮ ਨੂੰ ਸੰਜੀਵ ਨਾਗਪਾਲ ਨੇ ਸੰਬੋਧਨ ਕਰਦਿਆਂ ਕਿਸਾਨਾਂ ਨੂੰ ਪਰਾਲੀ ਤੋਂ ਖਾਦ ਬਣਾਉਣ ਲਈ ਕੀਤੇ ਜਾਣ ਵਾਲੇ ਤਰੀਕਿਆਂ ਬਾਰੇ ਵੀ ਜਾਣਕਾਰੀ ਦਿੱਤੀ। ਉਨ੍ਹਾਂ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਖਾਦ ਬਣਾਉਣ ਲਈ ਵਰਤੋਂ ਵਿੱਚ ਲਿਆਉਣ ਦੀ ਅਪੀਲ ਕੀਤੀ।

ਸੈਮੀਨਾਰ ਦੌਰਾਨ ਸਰਕਾਰੀ ਸਕੂਲ ਕਰਨੀ ਖੇੜਾ ਦੇ ਵਿਦਿਆਰਥੀਆਂ ਵੱਲੋਂ ਵਾਤਾਵਰਣ ਦੀ ਸੰਭਾਲ ਲਈ ਕਰਵਾਏ ਗਏ ਪੇਟਿੰਗ ਤੇ ਲੇਖ ਮੁਕਾਬਲਿਆਂ ਵਿੱਚ ਜੇਤੂ ਰਹੇ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਤੋਂ ਇਲਾਵਾ ਜ਼ਿਲ੍ਹੇ ਦੇ ਜਿੰਨ੍ਹਾਂ ਪਿੰਡਾਂ ਵਿੱਚ ਪਰਾਲੀ ਨੂੰ ਅੱਗ ਨਹੀਂ ਲਗਾਈ ਗਈ, ਉਨ੍ਹਾਂ ਪਿੰਡਾਂ ਦੀ ਪੰਚਾਇਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ।

ਇਸ ਮੌਕੇ ਜਗਦੇਵ ਸਿੰਘ ਮੁਕਤਸਰ ਵੱਲੋਂ ਜਾਦੂ ਦੇ ਕਰਤੱਬ ਦਿਖਾਉਂਦਿਆਂ ਕਿਸਾਨਾਂ ਨੂੰ ਵਾਤਾਵਰਣ ਦੀ ਸੁੱਧਤਾ ਲਈ ਰਹਿੰਦ-ਖੂਹੰਦ ਨੂੰ ਅੱਗ ਲਗਾਉਣ ਤੋਂ ਰੋਕਣ ਲਈ ਜਾਗਰੂਕ ਕੀਤਾ ਗਿਆ।

ਇਸ ਤੋਂ ਪਹਿਲਾਂ ਪਿੰਡ ਗੱਦਾ ਡੋਬ ਦੇ ਅਗਾਂਹ ਵਧੂ ਕਿਸਾਨ ਰਵਿੰਦਰ ਸਿੰਘ ਗਿੱਲ ਵੱਲੋਂ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਸਾਨਾਂ ਨੂੰ ਪਰਾਲੀ ਦੀ ਸਾਂਭ-ਸੰਭਾਲ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਇਸ ਮੌਕੇ ਪਿੰਡ ਆਵਾ ਦੇ ਸਰਪੰਚ ਸ਼ਵਿੰਦਰ ਸਿੰਘ ਗਰੇਵਾਲ, ਨੈਸ਼ਨਲ ਅਵਾਰਡੀ ਸ੍ਰੀ ਲਵਜੀਤ ਸਿੰਘ ਵੱਲੋਂ ਵੀ ਕਿਸਾਨਾਂ ਨੂੰ ਜਾਗਰੂਕ ਕੀਤਾ ਗਿਆ। ਇਸ ਦੌਰਾਨ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਨੁਮਾਇੰਦੇ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।